ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ।

**ਡਾਕਟਰਾਂ ਨੇ ਭਾਈ ਨਿਰਮਲ ਸਿੰਘ ਖਾਲਸਾ ਨੂੰ ਬਚਾਉਣ ਦੀ ਹਰ ਸੰਭਵ ਕੋਸ਼ਿਸ਼ ਕੀਤੀ-ਸੋਨੀ**

ਮੈਡੀਕਲ ਜਾਂਚ ਵਿਚ ਕੋਰੋਨਾ ਆਉਣ ਮਗਰੋਂ ਉਨਾਂ ਦਿਲ ਹੀ ਛੱਡ ਦਿੱਤਾ ਸੀ

ਹਸਪਤਾਲ ਵਿਚ ਕੋਰੋਨਾ ਨਾਲ ਲੜਨ ਲਈ ਕਿਸੇ ਤਰਾਂ ਦੀ ਕੋਈ ਕਮੀ ਨਹੀਂ

ਡਾਕਟਰਾਂ ਨੂੰ ਦਿੱਤੀ ਸਾਬਾਸ਼ੀ

ਅੰਮ੍ਰਿਤਸਰ, 4 ਅਪ੍ਰੈਲ ( )-ਡਾਕਟਰੀ ਸਿੱਖਿਆ ਤੇ ਖੋਜ ਮੰਤਰੀ ਸ੍ਰੀ ਓ. ਪੀ. ਸੋਨੀ ਨੇ ਭਾਈ ਨਿਰਮਲ ਸਿੰਘ ਖਾਲਸਾ ਦੇ ਲੜਕੇ ਵੱਲੋਂ ਉਨਾਂ ਦੀ ਮੌਤ ਤੋਂ ਪਹਿਲਾਂ ਦੀ ਜਾਰੀ ਆਡੀਓ ਨੂੰ ਲੈ ਕੇ ਅੱਜ ਸਵੇਰੇ ਗੁਰੂ ਨਾਨਕ ਮੈਡੀਕਲ ਕਾਲਜ ਤੇ ਹਸਪਤਾਲ, ਜਿੱਥੇ ਕਿ ਭਾਈ ਖਾਲਸਾ ਦਾ ਇਲਾਜ ਹੋਇਆ ਸੀ ਦੇ ਪ੍ਰਿੰਸੀਪਲ, ਮੈਡੀਕਲ ਸੁਪਰਡੈਂਟ ਅਤੇ ਡਿਊਟੀ ਉਤੇ ਹਾਜ਼ਰ ਰਹੇ ਡਾਕਟਰਾਂ ਨਾਲ ਡਿਪਟੀ ਕਮਿਸ਼ਨਰ ਸ੍ਰੀ ਸ਼ਿਵਦੁਲਾਰ ਸਿੰਘ ਢਿਲੋਂ ਅਤੇ ਹੋਰ ਸੀਨੀਅਰ ਅਧਿਕਾਰੀਆਂ ਦੀ ਹਾਜ਼ਰੀ ਵਿਚ ਲੰਮੀ ਜਾਂਚ-ਪੜਤਾਲ ਕੀਤੀ। ਇਸ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਸ੍ਰੀ ਸੋਨੀ ਨੇ ਕਿਹਾ ਕਿ ਗੁਰੂ ਰਾਮਦਾਸ ਹਸਪਤਾਲ ਵੱਲੋਂ ਉਨਾਂ ਨੂੰ ਇਲਾਜ ਲਈ ਗੁਰੂ ਨਾਨਕ ਦੇਵ ਹਸਪਤਾਲ ਵਿਚ ਰੈਫਰ ਕੀਤਾ ਗਿਆ। ਇੱਥੇ ਉਨਾਂ ਦੇ ਟੈਸਟ ਲੈ ਕੇ ਜਾਂਚ ਕੀਤੀ ਗਈ ਤਾਂ ਕੋਰੋਨਾ ਪਾਇਆ ਗਿਆ। ਇਸ ਮਗਰੋਂ ਉਨਾਂ ਨੂੰ 'ਵੀ. ਆਈ. ਪੀ. ਟਰੀਟਮੈਂਟ' ਦੇ ਕੇ ਆਈਸੋਲੇਸ਼ਨ ਵਾਰਡ ਦੀ ਥਾਂ ਵੱਖਰੇ ਕਮਰੇ ਵਿਚ ਇਲਾਜ ਸ਼ੁਰੂ ਕੀਤਾ ਗਿਆ। ਡਾਕਟਰਾਂ ਨੇ ਦਵਾਈ ਦੀ ਪਹਿਲੀ ਡੋਜ਼ ਦਿੱਤੀ ਅਤੇ ਦੂਸਰੀ ਚਾਰ ਘੰਟੇ ਬਾਅਦ ਦੇਣੀ ਸੀ, ਪਰ ਭਾਈ ਨਿਰਮਲ ਸਿੰਘ ਨੂੰ ਜਦੋਂ ਕੋਰੋਨਾ ਪਾਜ਼ੀਟਵ ਆਉਣ ਦਾ ਪਤਾ ਲੱਗਾ ਤਾਂ ਉਨਾਂ ਇਕ ਤਰਾਂ ਦਿਲ ਹੀ ਛੱਡ ਦਿੱਤਾ ਸੀ। ਇਸ ਤੋਂ ਬਾਅਦ ਉਨਾਂ ਦੀ ਤਬੀਅਤ ਵਿਗੜਨੀ ਸ਼ੁਰੂ ਹੋ ਗਈ, ਜੋ ਕਿ ਉਨਾਂ ਦੀ ਮੌਤ ਦਾ ਕਾਰਨ ਬਣ ਗਈ।

ਸ੍ਰੀ ਸੋਨੀ ਨੇ ਕਿਹਾ ਕਿ ਭਾਵੇਂ ਕਿ ਇਸ ਬਿਮਾਰੀ ਦਾ ਕੋਈ ਪੱਕਾ ਇਲਾਜ ਨਹੀਂ, ਪਰ ਡਾਕਟਰ ਹਰ ਕੋਸ਼ਿਸ਼ ਕਰਦੇ ਹਨ। ਉਨਾਂ ਕਿਹਾ ਕਿ ਸਰਕਾਰ ਕੋਲ ਕੋਰੋਨਾ ਦੇ ਟਾਕਰੇ ਲਈ ਕਿਸੇ ਤਰਾਂ ਦੀ ਕੋਈ ਕਮੀ ਨਹੀਂ। ਹਸਪਤਾਲ ਵਿਚ 400 ਤੋਂ ਵੱਧ ਪੀ. ਪੀ. ਈ. ਕਿੱਟਾਂ, 9000 ਤੋਂ ਵੱਧ ਐਨ 95 ਮਾਸਕ, ਸਵਾ ਲੱਖ ਤੋਂ ਵੱਧ ਤੀਹਰੀ ਪਰਤ ਵਾਲੇ ਮਾਸਕ, 30 ਵੈਂਟੀਲੇਟਰ ਮੌਜੂਦ ਹਨ। ਇਸ ਤੋਂ ਇਲਾਵਾ ਰੋਜ਼ਾਨਾ ਨਵਾਂ-ਨਵਾਂ ਸਮਾਨ ਆ ਰਿਹਾ ਹੈ ਅਤੇ ਸਪਲਾਈ ਨਿਰੰਤਰ ਜਾਰੀ ਹੈ। ਸ੍ਰੀ ਸੋਨੀ ਨੇ ਦੱਸਿਆ ਕਿ ਮੁੱਖ ਮੰਤਰੀ ਰੋਜ਼ਾਨਾ ਅਪਡੇਟ ਲੈ ਰਹੇ ਹਨ ਅਤੇ ਸਿਹਤ ਵਿਭਾਗ ਵੱਲੋਂ ਦੱਸੀ ਜਾਂਦੀ ਹੋਰ ਲੋੜ ਪੂਰੀ ਹੋ ਰਹੀ ਹੈ। ਇਸ ਤੋਂ ਇਲਾਵਾ ਕਾਲਜ ਪ੍ਰਿੰਸੀਪਲ ਨੂੰ ਕੋਈ ਵੀ ਸਮਾਨ ਖਰੀਦ ਕਰਨ ਦੇ ਅਧਿਕਾਰ ਦਿੱਤੇ ਜਾ ਚੁੱਕੇ ਹਨ।

ਸ਼੍ਰੀ ਸੋਨੀ ਨੇ ਡਾਕਟਰਾਂ ਨੂੰ ਸਾਬਾਸ਼ੀ ਦਿੰਦਿਆਂ ਹੋਇਆ ਕਿਹਾ ਕਿ ਉਹ ਹੋਰ ਮਿਹਨਤ ਨਾਲ ਆਪਣਾ ਕੰਮ ਕਰਨ, ਸਰਕਾਰ ਉਨ੍ਹਾਂ ਦੇ ਨਾਲ ਹੈ ਅਤੇ ਕਿਸੇ ਕਿਸਮ ਦੀ ਪਰੇਸਾਨੀ ਨਹੀ ਆਉਣ ਦਿੱਤੀ ਜਾਵੇਗੀ।

ਕੱਲ ਹਸਪਤਾਲ ਦੇ ਨਰਸਿੰਗ ਤੇ ਹੋਰ ਪੈਰਾ ਮੈਡੀਕਲ ਸਟਾਫ ਵੱਲੋਂ ਕੀਤੇ ਪ੍ਰਦਰਸ਼ਨ ਬਾਰੇ ਬੋਲਦੇ ਸ੍ਰੀ ਸੋਨੀ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਜੋ ਹਦਾਇਤਾਂ ਆਈਆਂ ਹਨ, ਉਸ ਅਨੁਸਾਰ ਉਸ ਸਟਾਫ ਨੂੰ ਹੀ ਪੀ ਪੀ ਈ ਕਿੱਟ ਦਿੱਤੀ ਜਾ ਰਹੀ ਹੈ, ਜਿਸ ਨੇ ਕੋਰੋਨਾ ਮਰੀਜਾਂ ਦੇ ਇਲਾਜ ਵਿਚ ਯੋਗਦਾਨ ਪਾਉਣਾ ਹੈ ਜਾਂ ਉਸ ਕਮਰੇ ਵਿਚ ਜਾਣਾ ਹੈ। ਦੂਸਰੇ ਸਟਾਫ ਲਈ ਜੋ ਹਦਾਇਤਾਂ ਹਨ ਉਨਾਂ ਨੂੰ ਉਸ ਅਨੁਸਾਰ ਸਾਜ਼ੋ-ਸਮਾਨ ਦਿੱਤਾ ਜਾ ਰਿਹਾ ਹੈ। ਸ੍ਰੀ ਸੋਨੀ ਨੇ ਸਪੱਸ਼ਟ ਕੀਤਾ ਕਿ ਉਹ ਸਟਾਫ ਜਿਸਦਾ ਕੋਰੋਨਾ ਮਰੀਜਾਂ ਨਾਲ ਕੋਈ ਸਬੰਧ ਨਹੀਂ, ਉਨਾਂ ਨੇ ਉਸ ਵਾਰਡ, ਕਮਰੇ ਵਿਚ ਨਹੀਂ ਜਾਣਾ, ਤਾਂ ਉਨਾਂ ਨੂੰ ਕਿੱਟ ਨਹੀਂ ਦਿੱਤੀ ਜਾ ਸਕਦੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ, ਪੁਲਿਸ ਕਮਿਸ਼ਨਰ ਡਾ. ਸੁਖਚੈਨ ਸਿੰਘ ਗਿੱਲ, ਵਧੀਕ ਡਿਪਟੀ ਕਮਿਸ਼ਨਰ ਸ੍ਰੀ ਹਿਮਾਸ਼ੂੰ ਅਗਰਵਾਲ, ਪ੍ਰਿੰਸੀਪਲ ਸਰਕਾਰੀ ਮੈਡੀਕਲ ਕਾਲਜ ਡਾ. ਸੁਜਾਤਾ ਸ਼ਰਮਾ, ਸਿਵਲ ਸਰਜਨ ਡਾ. ਪ੍ਰਭਦੀਪ ਕੌਰ ਜੌਹਲ,ਡਾ ਅਸੋਕ ਉਪਲ ਮੈਬਰ ਪੰਜਾਬ ਮੈਡੀਕਲ ਕੋਸਲ, ਡਾ: ਆਰ ਐਸ ਸੇਠੀ ਪ੍ਰਧਾਨ ਆਈ ਐਮ ਏ, ਡਾ: ਹਰਦਾਸ ਸਿੰਘ, ਡਾ: ਸੰਤੋਖ ਸਿੰਘ ਮੈਬਰ ਸਲਾਹਕਾਰ ਕਮੇਟੀ ਅਤੇ ਹੋਰ ਸੀਨੀਅਰ ਡਾਕਟਰ ਵੀ ਹਾਜ਼ਰ ਸਨ।

ਕੈਪਸ਼ਨ

ਮੈਡੀਕਲ ਕਾਲਜ ਵਿਚ ਜਿਲ੍ਹਾ ਅਧਿਕਾਰੀਆਂ ਤੇ ਡਾਕਟਰਾਂ ਨਾਲ ਮੀਟਿੰਗ ਕਰਦੇ ਡਾਕਟਰੀ ਸਿੱਖਿਆ ਤੇ ਖੋਜ ਮੰਤਰੀ ਸ੍ਰੀ ਓ ਪੀ ਸੋਨੀ।

================

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ।

**ਕੋਰੋਨਾ ਵਾਇਰਸ ਦੀ ਝੂਠੀ ਅਫਵਾਹ ਫੈਲਾਉਣ ਵਾਲੇ ਵਿਅਕਤੀਆਂ ਖਿਲਾਫ ਮੁਕੱਦਮਾ ਦਰਜ**

ਵੱਟਸ ਐਪ ਗਰੁੱਪ ਵਿਚ ਪਾਈ ਸੀ ਝੂਠੀ ਖ਼ਬਰ

ਅੰਮ੍ਰਿਤਸਰ, 4 ਅਪ੍ਰੈਲ (          )-ਪੁਲਿਸ ਕਮਿਸ਼ਨਰ ਡਾ. ਸੁਖਚੈਨ ਸਿੰਘ ਗਿੱਲ ਵੱਲੋਂ ਕੋਰੋਨਾ ਵਾਇਰਸ ਸਬੰਧੀ ਝੂਠੀਆਂ ਅਫਵਾਹਾਂ ਫੈਲਾਉਣ ਵਾਲਿਆਂ ਵਿਰੁੱਧ ਸਖਤ ਕਾਰਵਾਈ ਕਰਨ ਦੀਆਂ ਦਿੱਤੀਆਂ ਗਈਆਂ ਹਦਾਇਤਾਂ ਉਤੇ ਅਮਲ ਕਰਦੇ ਏ ਡੀ ਸੀ ਪੀ ਅੰਮ੍ਰਿਤਸਰ ਸਿਟੀ 2 ਸ੍ਰੀ ਸੰਦੀਪ ਮਲਿਕ ਤੇ ਏ ਸੀ ਪੀ ਉਤਰੀ ਸ੍ਰੀ ਸਰਬਜੀਤ ਸਿੰਘ ਬਾਜਵਾ ਦੀ ਅਗਵਾਈ ਹੇਠ ਥਾਣਾ ਮਜੀਠਾ ਰੋਡ ਨੇ ਕੋਰੋਨਾ ਵਾਇਰਸ ਸਬੰਧੀ ਸੋਸ਼ਲ ਮੀਡੀਆ ਉਤੇ ਅਫਵਾਹ ਫੈਲਾਉਣ ਵਾਲੇ ਵਿਅਕਤੀਆਂ ਵਿਰੁੱਧ ਕੇਸ ਦਰਜ ਕਰ ਲਿਆ ਹੈ।

ਥਾਣਾ ਮੁਖੀ ਇੰਸਪੈਕਟਰ ਜਸਪਾਲ ਸਿੰਘ ਨੇ ਦੱਸਿਆ ਕਿ ਆਦਰਸ਼ ਹਸਪਤਾਲ ਸਰਕੂਲਰ ਰੋਡ ਨੇੜੇ ਰਤਨ ਸਿੰਘ ਚੌਕ ਨੇ ਆਪਣੀ ਸ਼ਿਕਾਇਤ ਵਿਚ ਦੱਸਿਆ ਕਿ ਕਿਸੇ ਸ਼ਰਾਰਤੀ ਨੇ ਵੱਟਸ ਐਪ ਗਰੁੱਪਾਂ ਵਿਚ ਇਹ ਅਫਵਾਹ ਫੈਲਾਈ ਹੈ ਕਿ ਆਦਰਸ਼ ਹਸਪਤਾਲ ਵਿਚ ਕੋਰੋਨਾ ਦੇ 10 ਮਰੀਜ਼ ਦਾਖਲ ਹਨ। ਉਨਾਂ ਦੱਸਿਆ ਕਿ ਅਸਲ ਵਿਚ ਅਜਿਹਾ ਇਕ ਵੀ ਮਰੀਜ਼ ਸਾਡੇ ਹਸਪਤਾਲ ਨਹੀਂ ਹੈ ਕਿਉਂਕਿ ਅਸੀਂ ਇਸ ਬਿਮਾਰੀ ਦੇ ਕਿਸੇ ਵੀ ਮਰੀਜ਼ ਨੂੰ ਦਾਖਲ ਕਰਨ ਜਾਂ ਇਲਾਜ ਕਰਨ ਦਾ ਅਧਿਕਾਰ ਨਹੀਂ ਰੱਖਦੇ। ਏ. ਐਸ . ਆਈ ਬਲਵਿੰਦਰ ਸਿੰਘ ਨੇ ਉਕਤ ਡਾਕਟਰ ਦੇ ਬਿਆਨ ਉਤੇ ਕਾਰਵਾਈ ਕਰਦੇ ਹੋਏ ਡਿਸਾਸਟਰ ਮੈਨਜਮੈਂਟ ਐਕਟ 2005 ਤਹਿਤ ਸਬੰਧਤ ਵਿਅਕਤੀਆਂ ਵਿਰੁੱਧ ਕੇਸ ਦਰਜ ਕਰ ਲਿਆ ਹੈ ਅਤੇ ਉਕਤ ਤਫਤੀਸ਼ ਸੋਸ਼ਲ ਮੀਡੀਆ ਸਬੰਧੀ ਬਣਾਏ ਵਿਸ਼ੇਸ਼ ਸੈਲ ਵਿਚ ਭੇਜ ਦਿੱਤੀ ਹੈ, ਜਿੱਥੇ ਇਸ ਦੀ ਜਾਂਚ ਕਰਕੇ ਸਬੰਧਤ ਵਿਅਕਤੀਆਂ ਨੂੰ ਗ੍ਰਿਫਤਾਰ ਕਰ ਲਿਆ ਜਾਵੇਗਾ। ਉਨਾਂ ਦੱਸਿਆ ਕਿ ਕੋਰੋਨਾ ਸਬੰਧੀ ਜੋ ਵੀ ਵਿਅਕਤੀ ਕਿਸੇ ਵੀ ਸਾਧਨ ਰਾਹੀਂ ਝੂਠੀ ਅਫਵਾਹ ਫੈਲਾਏਗਾ, ਉਸ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।

================

**ਸਰਬੱਤ ਦਾ ਭਲਾ ਟਰੱਸਟ ਨੇ ਅੰਮ੍ਰਿਤਸਰ, ਗੁਰਦਾਸਪੁਰ, ਨਵਾਂ ਸ਼ਹਿਰ ਅਤੇ ਟਾਂਡਾ ਨੂੰ ਦਿੱਤੇ 2-2 ਵੈਂਟੀਲੇਟਰ**

ਕਰੋਨਾ ਪੀੜਤਾਂ ਦਾ ਇਲਾਜ ਕਰ ਰਹੇ ਕਰਮਚਾਰੀਆਂ ਨੂੰ ਟਰੱਸਟ ਦੇਵੇਗਾ ਐੱਨ-95 ਮਾਸਕ ਤੇ ਪੀ.ਪੀ. ਕਿੱਟਾਂ : ਡਾ.ਓਬਰਾਏ

ਡਾ.ਓਬਰਾਏ ਵੱਲੋਂ ਔਖੀ ਘੜੀ ਵੇਲੇ ਲੋੜਵੰਦਾਂ ਦੀ ਕੀਤੀ ਜਾ ਰਹੀ ਸੇਵਾ ਇਕ ਮਿਸਾਲ -ਸੋਨੀ

ਅੰਮ੍ਰਿਤਸਰ 4 ਅਪ੍ਰੈਲ (        )- ਸਮਾਜ ਸੇਵਾ ਦੇ ਖੇਤਰ ‘ਚ ਪੂਰੀ ਦੁਨੀਆਂ ਅੰਦਰ ਨਿਰੰਤਰ ਵੱਡੇ ਕਾਰਜ ਕਰ ਰਹੀ ਸਰਬੱਤ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਅਤੇ ਦੁਬਈ ਦੇ ਨਾਮਵਰ ਸਿੱਖ ਕਾਰੋਬਾਰੀ ਡਾ.ਐੱਸ.ਪੀ.ਸਿੰਘ ਉਬਰਾਏ ਨੇ ਅੱਜ ਅੰਮ੍ਰਿਤਸਰ, ਗੁਰਦਾਸਪੁਰ, ਨਵਾਂ ਸ਼ਹਿਰ ਅਤੇ ਟਾਂਡਾ ਦੇ ਪ੍ਰਸ਼ਾਸਨ ਨੂੰ 2-2 ਵੈਂਟੀਲੇਟਰ ਦਿੱਤੇ ਹਨ। ਜਿਸ ਸਦਕਾ
ਕਰੋਨਾ ਵਾਇਰਸ ਦੀ ਲਾਗ ਤੋਂ ਲੋਕਾਂ ਨੂੰ ਬਚਾਉਣ ਲਈ ਵੱਡੀ ਸਹਾਇਤਾ ਮਿਲੇਗੀ।

ਅੱਜ ਅੰਮ੍ਰਿਤਸਰ ਵਿਖੇ ਟਰੱਸਟ ਵੱਲੋਂ ਭੇਜੇ ਗਏ ਵੈਂਟੀਲੇਟਰ ਪ੍ਰਾਪਤ ਕਰਨ ਮੌਕੇ ਉਚੇਚੇ ਤੌਰ ਤੇ ਪਹੁੰਚੇ ਕੈਬਨਿਟ ਮੰਤਰੀ ਓ.ਪੀ.ਸੋਨੀ ਤੋਂ ਇਲਾਵਾ ਡਿਪਟੀ ਕਮਿਸ਼ਨਰ ਸ਼ਿਵਦੁਲਾਰ ਸਿੰਘ ਢਿੱਲੋਂ, ਪੁਲਿਸ ਕਮਿਸ਼ਨਰ ਸੁਖਚੈਨ ਸਿੰਘ ਗਿੱਲ, ਮੈਡੀਕਲ ਕਾਲਜ ਅੰਮ੍ਰਿਤਸਰ ਦੇ ਪ੍ਰਿਸੀਪਲ ਡਾ. ਸੁਜਾਤਾ ਸ਼ਰਮਾ ਆਦਿ ਨੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੋਢੀ ਡਾ. ਓਬਰਾਏ ਦਾ ਵਿਸ਼ੇਸ਼ ਤੌਰ ’ਤੇ ਧੰਨਵਾਦ ਕਰਦਿਆਂ ਕਿਹਾ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਇਸ ਔਖੀ ਘੜੀ ਵੇਲੇ ਪ੍ਰਸ਼ਾਸਨ ਅਤੇ ਲੋੜਵੰਦ ਲੋਕਾਂ ਦੀ ਵੱਡੇ ਪੱਧਰ ਤੇ ਕੀਤੀ ਜਾ ਰਹੀ ਸੇਵਾ ਇਕ ਮਿਸ਼ਾਲ ਹੈ।

ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਕੀਤੇ ਜਾ ਰਹੇ ਸੇਵਾ ਕਾਰਜਾਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਟਰੱਸਟ ਦੇ ਮੁੱਖੀ ਡਾ.ਐੱਸ.ਪੀ. ਸਿੰਘ ਉਬਰਾਏ ਨੇ ਦੱਸਿਆ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਕਾਫ਼ੀ ਦਿਨ ਤੋਂ ਹੀ 20 ਵੈਂਟੀਲੇਟਰ ਆਰਡਰ ਕੀਤੇ ਹੋਏ ਹਨ। ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ, ਗੁਰਦਾਸਪੁਰ,ਨਵਾਂਸ਼ਹਿਰ ਤੇ ਹੁਸ਼ਿਆਰਪੁਰ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਵੱਲੋਂ ਉਨ੍ਹਾਂ ਨਾਲ ਨਿੱਜੀ ਤੌਰ ਤੇ ਸੰਪਰਕ ਕਰਕੇ ਵੈਂਟੀਲੇਟਰਾਂ ਦੀ ਮੰਗ ਕੀਤੀ ਸੀ, ਜਿਸ ਨੂੰ ਅੱਜ ਪੂਰਾ ਕਰ ਦਿੱਤਾ ਗਿਆ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਇੱਕਦਮ ਵੈਂਟੀਲੇਟਰਾਂ ਦੀ ਮੰਗ ਵੱਧਣ ਕਾਰਨ ਵੈਂਟੀਲੇਟਰ ਬਣਾਉਣ ਵਾਲੀ ਕੰਪਨੀ ਵੱਲੋਂ ਵੈਂਟੀਲੇਟਰਾਂ ਦੀ ਸਪਲਾਈ ‘ਚ ਦੇਰੀ ਹੋ ਰਹੀ ਹੈ ਪਰ ਫ਼ਿਰ ਵੀ ਉਨ੍ਹਾਂ ਦੀ ਪੂਰੀ ਕੋਸ਼ਿਸ਼ ਹੈ ਕਿ ਜਲਦ ਤੋਂ ਜਲਦ ਲੋੜੀਂਦੀਆਂ ਥਾਵਾਂ ਤੇ ਵੈਂਟੀਲੇਟਰ ਭੇਜੇ ਜਾ ਸਕਣ।

ਡਾ.ਓਬਰਾਏ ਨੇ ਇਹ ਵੀ ਦੱਸਿਆ ਕਿ ਉਨ੍ਹਾਂ ਦੇ ਟਰੱਸਟ ਵੱਲੋਂ ਪਹਿਲੇ ਪੜਾਅ ਤਹਿਤ 2 ਹਜ਼ਾਰ ਐੱਨ-95 ਮਾਸਕ ਤੇ 2 ਹਜ਼ਾਰ ਪੀ.ਪੀ. ਕਿੱਟਾਂ ਦਾ ਵੀ ਆਰਡਰ ਦਿੱਤਾ ਗਿਆ ਹੈ, ਜੋ ਬਹੁਤ ਹੀ ਜਲਦ ਕਰੋਨਾ ਤੋਂ ਪੀੜਤ ਮਰੀਜ਼ਾਂ ਦਾ ਇਲਾਜ ਕਰ ਰਹੇ ਸਿਹਤ ਵਿਭਾਗ ਦੇ ਡਾਕਟਰਾਂ ਤੇ ਹੋਰਨਾਂ ਕਰਮਚਾਰੀਆਂ ਨੂੰ ਜ਼ਿਲ੍ਹਾ ਪ੍ਰਸ਼ਾਸਨਾਂ ਰਾਹੀਂ ਵੰਡ ਦਿੱਤੀਆਂ ਜਾਣਗੀਆਂ। ਉਨ੍ਹਾਂ ਇਹ ਵੀ

ਦੱਸਿਆ ਕਿ ਟਰੱਸਟ ਵੱਲੋਂ ਇਸ ਔਖੀ ਘੜੀ 'ਚ ਦਿਨ-ਰਾਤ ਸੇਵਾ ਨਿਭਾ ਰਹੇ ਪੁਲਸ ਪ੍ਰਸ਼ਾਸਨ ਨੂੰ ਵੀ ਵੱਡੀ ਗਿਣਤੀ 'ਚ ਸੈਨੀਟਾਈਜ਼ਰ ਭੇਜੇ ਗਏ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਟਰੱਸਟ ਵੱਲੋਂ ਲਏ ਫ਼ੈਸਲੇ ਮੁਤਾਬਕ ਕਰੋਨਾ ਵਾਇਰਸ ਕਾਰਨ ਬੇਰੁਜ਼ਗਾਰ ਹੋਏ ਦਿਹਾੜੀਦਾਰ ਮਜ਼ਦੂਰਾਂ ਨੂੰ ਰਾਸ਼ਨ ਮੁਹੱਈਆ ਕਰਾਉਣ ਲਈ ਜੋ 5 ਕਰੋੜ ਰੁਪਏ ਖਰਚ ਕਰਨ ਦਾ ਐਲਾਨ ਕੀਤਾ ਗਿਆ ਹੈ, ਉਸ ਦੇ ਪਹਿਲੇ ਪੜਾਅ ਤਹਿਤ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਤੋਂ ਇਲਾਵਾ ਨਾਲਾਗੜ, ਸ੍ਰੀ ਗੰਗਾਨਗਰ ਤੇ ਚੰਡੀਗੜ੍ਹ ਨੂੰ 110 ਟਨ ਆਟਾ, 50 ਟਨ ਖੰਡ, 25 ਟਨ ਚਾਵਲ ਅਤੇ 25 ਟਨ ਦਾਲਾਂ ਸਮੇਤ 5 ਹਜ਼ਾਰ ਹੋਰ ਸੈਨੀਟਾਈਜ਼ਰ ਵੀ ਪਹੁੰਚਾ ਦਿੱਤੇ ਗਏ ਹਨ।

ਇਸ ਦੌਰਾਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀ ਅੰਮ੍ਰਿਤਸਰ ਇਕਾਈ ਦੇ ਪ੍ਰਧਾਨ ਸੁਖਜਿੰਦਰ ਸਿੰਘ ਹੇਰ ਅਤੇ ਖ਼ਜ਼ਾਨਚੀ ਨਵਜੀਤ ਸਿੰਘ ਘਈ ਆਦਿ ਵੀ ਵਿਸ਼ੇਸ਼ ਰੂਪ 'ਚ ਮੌਜੂਦ ਸਨ।

ਕੈਪਸ਼ਨ: 1 - ਟਰੱਸਟ ਵੱਲੋਂ ਭੇਜੇ ਵੈਂਟੀਲੇਟਰ ਪ੍ਰਾਪਤ ਕਰਨ ਮੌਕੇ ਕੈਬਨਿਟ ਮੰਤਰੀ ਓ.ਪੀ.ਸੋਨੀ, ਡੀ.ਸੀ.ਸ਼ਿਵਦੁਲਾਰ ਸਿੰਘ ਢਿੱਲੋਂ, ਪੁਲਿਸ ਕਮਿਸ਼ਨਰ ਸੁਖਚੈਨ ਸਿੰਘ ਗਿੱਲ ਨਾਲ ਹਨ ਪ੍ਰਧਾਨ ਸੁਖਜਿੰਦਰ ਸਿੰਘ ਹੇਰ, ਨਵਜੀਤ ਘਈ ਤੇ ਹੋਰ।

===============

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ।

**ਮਜੀਠਾ ਤਹਿਸੀਲ ਵਿਚ 130 ਵਿਅਕਤੀਆਂ ਨੂੰ ਇਕਾਂਤਵਾਸ ਕੀਤਾ-ਐਸ ਡੀ ਐਮ**

ਅੰਮ੍ਰਿਤਸਰ, 4 ਅਪ੍ਰੈਲ ( )-ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਜਿੱਥੇ ਪੰਜਾਬ ਸਰਕਾਰ ਵੱਲੋਂ ਲਗਾਏ ਗਏ ਕਰਫਿਊ ਦੌਰਾਨ ਲੋਕਾਂ ਨੂੰ ਘਰਾਂ ਵਿਚ ਰਹਿਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ ਅਤੇ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਲੋੜਵੰਦਾਂ ਨੂੰ ਘਰਾਂ ਵਿਚ ਹੀ ਜ਼ਰੂਰੀ ਵਸਤਾਂ ਪਹੁੰਚਾ ਕੇ ਬਾਜ਼ਾਰਾਂ ਤੇ ਦੁਕਾਨਾਂ ਉਤੇ ਲੱਗਦੀ ਭੀੜ ਨੂੰ ਰੋਕਿਆ ਜਾਵੇ, ਉਥੇ ਵਿਦੇਸ਼ਾਂ ਤੋਂ ਪਰਤੇ ਵਿਅਕਤੀਆਂ ਨੂੰ ਘਰਾਂ ਵਿਚ ਇਕਾਂਤਵਾਸ ਕੀਤਾ ਜਾ ਰਿਹਾ ਹੈ, ਤਾਂ ਕਿ ਜੇਕਰ ਉਨਾਂ ਨੂੰ ਕੋਰੋਨਾ ਵਾਇਰਸ ਦੀ ਸਮੱਸਿਆ ਹੋਵੇ ਤਾਂ ਇਹ ਲਾਗ ਉਹ ਅੱਗੇ ਆਪਣੇ ਪਰਿਵਾਰ ਜਾਂ ਗੁਆਂਢੀਆਂ ਤੱਕ ਨਾ ਫੈਲਾਉਣ।

ਉਕਤ ਸਬਦਾਂ ਦਾ ਪ੍ਰਗਟਾਵਾ ਕਰਦੇ ਐਸ ਡੀ ਐਮ ਮਜੀਠਾ ਸ੍ਰੀਮਤੀ ਅਲਕਾ ਕਾਲੀਆ ਨੇ ਦੱਸਿਆ ਕਿ ਮਜੀਠਾ ਸਬ ਡਵੀਜ਼ਨ ਵਿਚ ਵਿਦੇਸ਼ ਤੋਂ ਆਏ 130 ਵਿਅਕਤੀਆਂ ਨੂੰ ਇਕਾਂਤਵਾਸ ਕੀਤਾ ਗਿਆ ਹੈ। ਉਨਾਂ ਦੱਸਿਆ ਕਿ ਬੀ ਡੀ ਪੀ ਓ ਮਜੀਠਾ ਡਾ. ਸੰਦੀਪ ਮਲਹੋਤਰਾ ਅਤੇ ਉਨਾਂ ਦੇ ਸਟਾਫ ਵੱਲੋਂ ਸਬੰਧਤ ਵਿਅਕਤੀਆਂ ਦੇ ਘਰਾਂ ਉਤੇ ਨੋਟਿਸ ਲਗਾਏ ਗਏ ਹਨ। ਉਕਤ ਵਿਅਕਤੀਆਂ ਅਤੇ ਉਨਾਂ ਦੇ ਪਰਿਵਾਰ ਨੂੰ ਸਮਝਾਇਆ ਗਿਆ ਹੈ ਕਿ 14 ਦਿਨ ਇਨਾਂ ਦਾ ਇਕਾਂਤਵਾਸ ਵਿਚ ਰਹਿਣਾ ਕਿਉਂ ਜ਼ਰੂਰੀ ਹੈ। ਇਸ ਤੋਂ ਇਲਾਵਾ ਉਨਾਂ ਦੇ ਆਂਢ-ਗੁਆਂਢ ਵੀ ਲੋਕਾਂ ਨੂੰ ਸਬੰਧਤ ਅਧਿਕਾਰੀਆਂ ਦੇ ਫੋਨ ਨੰਬਰ ਦਿੱਤੇ ਗਏ ਹਨ, ਤਾਂ ਜੋ ਜੇਕਰ ਅਜਿਹੇ ਵਿਅਕਤੀ ਜਿੰਨਾ ਨੂੰ ਇਕਾਂਤਵਾਸ ਕੀਤਾ ਹੈ, ਜੇਕਰ ਉਹ ਬਾਹਰ ਨਿਕਲਣ ਤਾਂ ਸੂਚਨਾ ਦਿੱਤੀ ਜਾ ਸਕੇ। ਉਨਾਂ ਕਿਹਾ ਕਿ ਜੇਕਰ ਅਜਿਹੇ ਵਿਅਕਤੀ ਘਰ ਨਹੀਂ ਬੈਠਣਗੇ ਤਾਂ ਅਸੀਂ ਇਨਾਂ ਨੂੰ ਸਰਕਾਰ ਵੱਲੋਂ ਬਣਾਏ ਕੁਆਰਨਟਾਈਨ ਕੇਂਦਰ ਵਿਚ ਤਬਦੀਲ ਕਰਾਂਗੇ।

ਕੈਪਸ਼ਨ

ਮਜੀਠਾ ਸਬ ਡਵੀਜ਼ਨ ਦੇ ਪਿੰਡਾਂ ਵਿਚ ਘਰਾਂ ਉਤੇ ਇਕਾਂਤਵਾਸ ਦੇ ਨੋਟਿਸ ਲਗਾਉਂਦੇ ਪੰਚਾਇਤ ਵਿਭਾਗ ਦੇ ਕਰਮਚਾਰੀ।